ਧਨਾਸਰੀ ਮਹਲਾ ੫ ॥ ਬੰਧਨ ਤੇ ਛੁਟਕਾਵੈ ਪ੍ਰਭੂ ਮਿਲਾਵੈ ਹਰਿ ਹਰਿ ਨਾਮੁ ਸੁਨਾਵੈ ॥ ਅਸਥਿਰੁ ਕਰੇ ਨਿਹਚਲੁ ਇਹੁ ਮਨੂਆ ਬਹੁਰਿ ਨ ਕਤਹੂ ਧਾਵੈ ॥੧॥ ਹੈ ਕੋਊ ਐਸੋ ਹਮਰਾ ਮੀਤੁ ॥ ਸਗਲ ਸਮਗ੍ਰੀ ਜੀਉ ਹੀਉ ਦੇਉ ਅਰਪਉ ਅਪਨੋ ਚੀਤੁ ॥੧॥ ਰਹਾਉ ॥ ਪਰ ਧਨ ਪਰ ਤਨ ਪਰ ਕੀ ਨਿੰਦਾ ਇਨ ਸਿਉ ਪ੍ਰੀਤਿ ਨ ਲਾਗੈ ॥ ਸੰਤਹ ਸੰਗੁ ਸੰਤ ਸੰਭਾਖਨੁ ਹਰਿ ਕੀਰਤਨਿ ਮਨੁ ਜਾਗੈ ॥੨॥ ਗੁਣ ਨਿਧਾਨ ਦਇਆਲ ਪੁਰਖ ਪ੍ਰਭ ਸਰਬ ਸੂਖ ਦਇਆਲਾ ॥ ਮਾਗੈ ਦਾਨੁ ਨਾਮੁ ਤੇਰੋ ਨਾਨਕੁ ਜਿਉ ਮਾਤਾ ਬਾਲ ਗੁਪਾਲਾ ॥੩॥੧੪॥ {ਪੰਨਾ 674}

ਪਦਅਰਥ:- ਤੇ—ਤੋਂ। ਛੁਟਕਾਵੈ—ਛੁਡਾ ਦੇਵੇ। ਅਸਥਿਰੁ—ਅਡੋਲ। ਨਿਹਚਲੁ—ਚੰਚਲਤਾ-ਹੀਨ। ਬਹੁਰਿ—ਮੁੜ। ਕਤ ਹੂ—ਕਿਤੇ ਭੀ। ਧਾਵੈ—ਦੌੜੇ।1।

ਸਮਗ੍ਰੀ—ਮਾਲ-ਅਸਬਾਬ। ਜੀਉ—ਜਿੰਦ। ਹੀਉ—ਹਿਰਦਾ। ਦੇਉ—ਦੇਉਂ, ਮੈਂ ਦੇ ਦਿਆਂ। ਅਰਪਉ—ਅਰਪਉਂ।1। ਰਹਾਉ।

ਪਰ ਤਨ—ਪਰਾਇਆ ਸਰੀਰ, ਪਰਾਈ ਇਸਤ੍ਰੀ। ਸੰਭਾਖਨੁ—ਬਚਨ-ਬਿਲਾਸ, ਗੋਸ਼ਟਿ। ਕੀਰਤਨਿ—ਕੀਰਤਨ ਵਿਚ।2।

ਗੁਣ ਨਿਧਾਨ—ਹੇ ਗੁਣਾਂ ਦੇ ਖ਼ਜ਼ਾਨੇ! ਪੁਰਖ—ਹੇ ਸਰਬ-ਵਿਆਪਕ! ਨਾਨਕੁ ਮਾਗੈ—ਨਾਨਕ ਮੰਗਦਾ ਹੈ {ਲਫ਼ਜ਼ 'ਨਾਨਕ' ਅਤੇ 'ਨਾਨਕੁ' ਦਾ ਫ਼ਰਕ ਚੇਤੇ ਰੱਖਣਾ}। ਗੁਪਾਲਾ—ਹੇ ਗੋਪਾਲ!।3।

ਅਰਥ:- ਜੇ ਕੋਈ ਮੈਨੂੰ ਇਹੋ ਜਿਹਾ ਮੇਰਾ ਮਿੱਤਰ ਮਿਲ ਜਾਏ (ਜੇਹੜਾ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ) ਮੈਂ ਉਸ ਨੂੰ ਆਪਣਾ ਸਾਰਾ ਧਨ-ਪਦਾਰਥ, ਆਪਣੀ ਜਿੰਦ, ਆਪਣਾ ਹਿਰਦਾ ਦੇ ਦਿਆਂ। ਮੈਂ ਆਪਣਾ ਚਿੱਤ ਉਸ ਦੇ ਹਵਾਲੇ ਕਰ ਦਿਆਂ।1। ਰਹਾਉ।

ਜੇਹੜਾ ਮਿੱਤਰ ਮੈਨੂੰ ਮਾਇਆ ਦੇ ਬੰਧਨਾਂ ਤੋਂ ਛੁਡਾ ਲਏ, ਮੈਨੂੰ ਪਰਮਾਤਮਾ ਮਿਲਾ ਦੇਵੇ, ਮੈਨੂੰ ਪਰਮਾਤਮਾ ਦਾ ਨਾਮ ਸਦਾ ਸੁਣਾਇਆ ਕਰੇ, ਮੇਰੇ ਇਸ ਮਨ ਨੂੰ ਡੋਲਣ ਤੋਂ ਚੰਚਲਤਾ ਤੋਂ ਹਟਾ ਲਏ, ਤਾ ਕਿ ਇਹ ਫਿਰ ਕਿਸੇ ਭੀ ਪਾਸੇ ਭਟਕਿਆ ਨਾਹ ਕਰੇ (ਮੈਂ ਆਪਣੇ ਸਭ ਕੁਝ ਉਸ ਦੇ ਹਵਾਲੇ ਕਰ ਦਿਆਂ)।1।

(ਕੋਈ ਐਸਾ ਮਿੱਤਰ ਮਿਲ ਪਏ ਜਿਸ ਦੀ ਕਿਰਪਾ ਨਾਲ) ਪਰਾਇਆ ਧਨ, ਪਰਾਈ ਇਸਤ੍ਰੀ, ਪਰਾਈ ਨਿੰਦਾ—ਇਹਨਾਂ ਨਾਲ ਮੇਰਾ ਪਿਆਰ ਨਾਹ ਬਣੇ। ਮੈਂ ਸੰਤਾਂ ਦਾ ਸੰਗ ਕਰਿਆ ਕਰਾਂ, ਮੇਰਾ ਸੰਤਾਂ ਨਾਲ ਹੀ ਬਚਨ-ਬਿਲਾਸ ਰਹੇ, ਪਰਮਾਤਮਾ ਦੀ ਸਿਫ਼ਤਿ-ਸਾਲਾਹ ਵਿਚ ਮੇਰਾ ਮਨ ਹਰ ਵੇਲੇ ਸੁਚੇਤ ਰਿਹਾ ਕਰੇ।2।

ਹੇ ਗੁਣਾਂ ਦੇ ਖ਼ਜ਼ਾਨੇ! ਹੇ ਦਇਆ ਦੇ ਘਰ! ਹੇ ਸਰਬ-ਵਿਆਪਕ! ਹੇ ਪ੍ਰਭੂ! ਹੇ ਸਾਰੇ ਸੁਖਾਂ ਦੀ ਬਖਸ਼ਸ਼ ਕਰਨ ਵਾਲੇ! ਹੇ ਗੋਪਾਲ! ਜਿਵੇਂ ਬੱਚੇ ਆਪਣੀ ਮਾਂ ਪਾਸੋਂ (ਖਾਣ ਪੀਣ ਲਈ ਮੰਗਦੇ ਹਨ) ਮੈਂ ਤੇਰਾ ਦਾਸ ਨਾਨਕ ਤੇਰੇ ਪਾਸੋਂ ਤੇਰੇ ਨਾਮ ਦਾ ਦਾਨ ਮੰਗਦਾ ਹਾਂ।3।14।